ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪਃਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼ਃ8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰਃ ਟਰਾਂਸਫਰਸੈੱਲ/2025666102/12 ਮਿਤੀਃਐਸ.ਏ.ਐਸ ਨਗਰਃ 13-10-2025

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰਃ 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਾਲ 2025 ਦੌਰਾਨ ਇਸ ਪਾਲਿਸੀ ਅਨੁਸਾਰ ਵਿਭਾਗ ਵੱਲੋਂ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਦੀਆਂ ਆਨਲਾਈਨ ਪ੍ਰਾਪਤ ਪ੍ਰਤੀਬੇਨਤੀਆਂ ਦੇ ਆਧਾਰ ਤੇ ਵੱਖ-2 ਗੇੜਾਂ ਦੌਰਾਨ ਆਨਲਾਈਨ ਬਦਲੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ।

3.0 ਵਿਭਾਗ ਨੂੰ ਕੁੱਝ ਅਧਿਆਪਕਾਂ ਵੱਲੋਂ ਪ੍ਰਤੀਬੇਨਤੀਆਂ ਪ੍ਰਾਪਤ ਹੋਈਆਂ ਹਨ, ਜਿਸ ਵਿੱਚ ਉਨਾਂ ਵੱਲੋਂ ਵੱਖ-2 ਕਾਰਨ ਦਰਸਾਉਂਦੇ ਹੋਏ ਆਨਲਾਈਨ ਵਿਧੀ ਰਾਹੀਂ ਹੋਈ ਬਦਲੀ ਰੱਦ ਕਰਵਾਉਣ ਦੀ ਮੰਗ ਕੀਤੀ ਗਈ ਹੈ।

4.0 ਅਧਿਆਪਕਾਂ ਵੱਲੋਂ ਪ੍ਰਾਪਤ ਪ੍ਰਤੀਬੇਨਤੀਆਂ ਦੇ ਆਧਾਰ ਤੇ ਉਨਾਂ ਨੂੰ ਬਦਲੀ ਰੱਦ ਕਰਵਾਉਣ ਸਬੰਧੀ ਇੱਕ ਮੌਕਾ ਦਿੱਤਾ ਜਾਂਦਾ ਹੈ। ਜੋ ਅਧਿਆਪਕ ਬਦਲੀ ਰੱਦ ਕਰਵਾਉਣਾ ਚਾਹੁੰਦੇ ਹਨ ਅਤੇ ਉਨਾਂ ਦੇ ਪਿਛਲੇ ਸਕੂਲ ਭਾਵ ਜਿੱਥੋਂ ਬਦਲੀ ਹੋਈ ਹੈ, ਵਿਖੇ ਉਨਾਂ ਦੇ ਕਾਡਰ ਦੀ ਅਸਾਮੀ ਖਾਲੀ ਹੈ ਤਾਂ ਉਹ ਈਪੰਜਾਬ ਸਕੂਲ ਪੋਰਟਲ ਤੇ ਲਾਗ ਇੰਨ ਕਰਕੇ Transfer Cancellation Link ਤੇ Click ਕਰਕੇ ਬਦਲੀ ਰੱਦ ਕਰਵਾਉਣ ਲਈ ਮਿਤੀ 13-10-2025 ਤੋਂ 15-10-2025 ਤੱਕ ਆਨਲਾਈਨ ਬੇਨਤੀ ਦੇ ਸਕਦੇ ਹਨ। ਇੱਥੇ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਅਧਿਆਪਕ ਨੇ ਬਦਲੀ ਰੱਦ ਕਰਵਾਉਣ ਲਈ ਦਰਖਾਸਤ ਮੁੱਖ ਦਫਤਰ ਵਿਖੇ ਦਿੱਤੀ ਹੈ ਤਾਂ ਉਸ ਦਰਖਾਸਤ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਣੀ ਅਤੇ ਉਹ ਆਨਲਾਈਨ ਵਿਧੀ ਰਾਹੀਂ ਆਪਣੀ ਬਦਲੀ ਰੱਦ ਕਰਵਾ ਸਕਦੇ ਹਨ। ਮਿਤੀ 15-10-2025 ਤੋਂ ਬਾਅਦ ਬਦਲੀ ਰੱਦ ਕਰਵਾਉਣ ਸਬੰਧੀ ਕਿਸੇ ਵੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**ਸਹਾਇਕ ਡਾਇਰੈਕਟਰ (ਅਮਲਾ-1)**